# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

ਹਵਾਲਾ ਨੰ: ਪ.ਭ.ਪ.ਭ/238

ਮਿਤੀ : 30.09.2019

ਵੱਲ

ਜਨਰਲ ਸਕੱਤਰ,

ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ

ਫਗਵਾੜਾ। ਮਿਤੀ: 19-09-2019

ਵਿਸ਼ਾ: ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਵੱਲੋਂ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਤੇ ਜ਼ਿਲ੍ਹਾ ਅਦਾਲਤਾਂ ਵਿਚ ਹੁੰਦੇ ਕੰਮ-ਕਾਜ ਨੂੰ ਪੰਜਾਬੀ ਵਿਚ ਲਾਗੂ ਕਰਾਉਣ ਲਈ ਕੀਤੇ ਜਾਂਦੇ ਯਤਨਾਂ ਵਿਚ ਸਹਿਯੋਗ ਦੇਣ ਲਈ ਬੇਨਤੀ।

ਸ੍ਰੀ ਮਾਨ ਜੀ,

ਪਿਛਲੇ ਇੱਕ ਸਾਲ ਤੋਂ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ, ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਲਈ ਸਰਗਰਮ ਹੈ।

ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬੀ ਭਾਸ਼ਾ ਤੇਜ਼ੀ ਨਾਲ ਸਰਕਾਰ, ਵਪਾਰ, ਪਰਿਵਾਰ ਅਤੇ ਸੱਭਿਆਚਾਰ ਵਿਚੋਂ ਅਲੋਪ ਹੁੰਦੀ ਜਾ ਰਹੀ ਹੈ। ਸਰਕਾਰੇ ਦਰਬਾਰੇ ਪੰਜਾਬੀ ਭਾਸ਼ਾ ਨੂੰ ਬਣਦਾ ਸਤਿਕਾਰ ਦਵਾਉਣ ਲਈ, ਭਾਈਚਾਰੇ ਵੱਲੋਂ ਵੱਖ-ਵੱਖ ਸਮੇਂ, ਪੰਜਾਬ ਸਰਕਾਰ ਨਾਲ ਚਿੱਠੀ ਪੱਤਰ ਕੀਤਾ ਜਾਂਦਾ ਹੈ। ਇਸ ਚਿੱਠੀ ਪੱਤਰ ਦੇ ਉਸਾਰੂ ਸਿੱਟੇ ਨਿਕਲ ਰਹੇ ਹਨ।

ਪੰਜਾਬੀ ਲੇਖਕ ਅਤੇ ਬੁੱਧੀਜੀਵੀ ਵੱਡੀ ਗਿਣਤੀ ਵਿਚ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਮੈਂਬਰ ਹਨ। ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀਆਂ ਸਾਰੇ ਪੰਜਾਬ ਵਿਚ ਸਰਗਰਮ ਇਕਾਈਆਂ ਹਨ। ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਚਾਹੁੰਦਾ ਹੈ ਕਿ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ, ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ, ਮਾਂ ਬੋਲੀ ਪੰਜਾਬੀ ਦੇ ਵਿਕਾਸ ਅਤੇ ਪ੍ਰਚਾਰ ਲਈ ਵਿੱਢੇ ਸੰਘਰਸ਼ ਵਿਚ ਵੱਧ-ਚੜ੍ਹ ਕੇ ਹਿੱਸਾ ਲਵੇ।

ਭਾਈਚਾਰੇ ਵੱਲੋਂ ਮਿਤੀ 23.09.2019 ਨੂੰ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਨੂੰ ਇੱਕ ਪੱਤਰ ਲਿਖ ਕੇ ਡਾਇਰੈਕਟਰ ਵੱਲੋਂ ਨਵੰਬਰ 2019 ਦੇ ਪਹਿਲੇ ਹਫ਼ਤੇ ਭਾਸ਼ਾ ਵਿਭਾਗ ਵੱਲੋਂ ਮਨਾਏ ਜਾਣ ਵਾਲੇ 'ਪੰਜਾਬੀ ਸਪਤਾਹ' ਨੂੰ ਰਵਾਇਤੀ ਦੀ ਥਾਂ ਉਸਾਰੂ ਢੰਗ ਨਾਲ ਮਨਾਏ ਜਾਣ ਲਈ ਬੇਨਤੀ ਕੀਤੀ ਗਈ ਹੈ ਅਤੇ ਪੰਜਾਬ ਰਾਜ ਭਾਸ਼ਾ ਐਕਟ 1967 ਅਧੀਨ ਡਾਇਰੈਕਟਰ ਭਾਸ਼ਾ ਵਿਭਾਗ ਦੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਲਈ ਸੁਝਾਅ ਦਿੱਤੇ ਗਏ ਹਨ।

ਇਸੇ ਤਰ੍ਹਾਂ ਭਾਈਚਾਰੇ ਵੱਲੋਂ ਮਿਤੀ 28.09.2019 ਨੂੰ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਇੱਕ ਪੱਤਰ ਲਿਖ ਕੇ, ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਤੇ ਪੰਜਾਬ ਵਿਚ ਵਸਦੇ ਪੰਜਾਬੀਆਂ ਨੂੰ ਅਦਾਲਤਾਂ ਵਿਚੋਂ ਮਿਲਦੇ ਇਨਸਾਫ਼ ਨੂੰ ਆਪਣੀ ਮਾਂ-ਬੋਲੀ ਵਿਚ ਉਪਲਬਧ ਕਰਾਉਣ ਅਤੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ, ਹਾਈ ਕੋਰਟ ਵੱਲੋਂ ਮੰਗੇ ਜਾ ਰਹੇ 1479 (ਹੁਣ ਕਰੀਬ 2000) ਮੁਲਾਜ਼ਮਾਂ ਦੀ ਜਲਦੀ ਭਰਤੀ ਕਰਨ ਲਈ ਬੇਨਤੀ ਕੀਤੀ ਗਈ ਹੈ।

ਇਨ੍ਹਾਂ ਪੱਤਰਾਂ ਦੀਆਂ ਨਕਲਾਂ ਆਪ ਜੀ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਵੱਲੋਂ ਅਤੇ ਇਸ ਦੇ ਪ੍ਰਬੁੱਧ ਅਤੇ ਅਸਰ ਰਸੂਖ਼ ਵਾਲੇ ਮੈਂਬਰਾਂ/ਇਕਾਈਆਂ ਰਾਹੀਂ, ਇਹ ਮਾਮਲਾ ਡਾਇਰੈਕਟਰ ਭਾਸ਼ਾ ਵਿਭਾਗ ਅਤੇ ਮੁੱਖ ਮੰਤਰੀ, ਪੰਜਾਬ ਸਰਕਾਰ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਉਠਾਓ ਤਾਂ ਜੋ ਡਾਇਰੈਕਟਰ ਭਾਸ਼ਾ ਵਿਭਾਗ ਨੂੰ 'ਪੰਜਾਬੀ ਸਪਤਾਹ' ਉਸਾਰੂ ਢੰਗ ਨਾਲ ਮਨਾਉਣ ਅਤੇ ਪੰਜਾਬ ਸਰਕਾਰ ਨੂੰ ਹਾਈ ਕੋਰਟ ਲਈ ਨਵੇਂ ਮੁਲਾਜ਼ਮ ਭਰਤੀ ਕਰਨ ਲਈ ਮਜਬੂਰ ਹੋਣਾ ਪਵੇ। ਇੰਝ ਹੋਣ ਨਾਲ ਇੱਕ ਪਾਸੇ ਪੰਜਾਬੀ ਭਾਸ਼ਾ ਦਾ ਤੇਜ਼ੀ ਨਾਲ ਵਿਕਾਸ ਸੰਭਵ ਹੋਵੇਗਾ ਅਤੇ ਦੂਜੇ ਪਾਸੇ ਲੋਕਾਂ ਨੂੰ ਆਪਣੀ ਮਾਤ ਭਾਸ਼ਾ ਵਿਚ ਇਨਸਾਫ਼ ਮਿਲਣ ਲੱਗੇਗਾ।

ਉਸਾਰੂ ਹੁੰਘਾਰੇ ਦੀ ਉਡੀਕ ਨਾਲ।

ਸੁਖਿੰਦਰ ਪਾਲ ਸਿੰਘ
**ਸਹਾਇਕ ਸੰਚਾਲਕ**

ਮਹਿੰਦਰ ਸਿੰਘ ਸੇਖੋਂ
**ਸਹਾਇਕ ਸੰਚਾਲਕ**

ਹਰਬਖਸ਼ ਸਿੰਘ ਗਰੇਵਾਲ
**ਸਹਾਇਕ ਸੰਚਾਲਕ**

**<u>ਨੱਥੀ:</u>** ਚਿੱਠੀਆਂ ਮਿਤੀ 23.09.2019 ਅਤੇ 27.09.2019